# ਪ੍ਰੈਸ ਨੋਟ

## ਨੰਗਲ ਸ਼ਹੀਦਾਂ ਦੇ 115 ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਤਿਕਸ਼ਨ ਸੂਦ ਨੇ ਰਾਸ਼ਨ ਦੇ ਵੰਡ ਦੀ ਕੀਤੀ ਸ਼ੁਰੂਆਤ।

## ਅਕਾਲੀ-ਭਾਜਪਾ ਸਰਕਾਰ ਵੱਲੋਂ ਆਟਾ ਦਾਲ ਸਕੀਮ ਤਹਿਤ 1.41 ਕਰੋੜ ਗਰੀਬ ਪਰਿਵਾਰਾਂ ਨੂੰ ਲਾਭ.....ਤਿਕਸ਼ਨ ਸੂਦ

ਹੁਸ਼ਿਆਰਪੁਰ 28 ਸਤਬੰਰ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ ਨੇ ਅਕਾਲੀ ਭਾਜਪਾ ਸਰਕਾਰ ਵੱਲੋਂ ਚਲਾਈ ਜਾ ਰਹੀ ਆਟਾ ਦਾਲ ਸਕੀਮ ਤਹਿਤ ਗਰੀਬ ਅਤੇ ਨੀਲੇ ਕਾਰਡ ਧਾਰਕ 115 ਲਾਭਪਾਤਰੀਆਂ ਨੂੰ ਕਣਕ ਦੀ ਵੰਡ ਕਰਨ ਦੀ ਸ਼ੁਰੂਆਤ ਕਰਨ ਉਪਰੰਤ ਪਿੰਡ ਵਾਸੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਸੂਬੇ ਦੇ 1.41 ਕਰੋੜ ਗਰੀਬਾਂ ਨੂੰ ਇਸ ਸਕੀਮ ਦਾ ਲਾਭ ਪ੍ਰਾਪਤ ਹੋ ਰਿਹਾ ਹੈ ਅਤੇ ਲਾਭ ਪਾਤਰੀਆਂ ਦੇ ਘਰ ਤੱਕ ਰਾਸ਼ਨ ਦੀ ਵੰਡ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ 2 ਰੁਪਏ ਕਿਲੋ ਦੇ ਹਿਸਾਬ ਨਾਲ ਅਪ੍ਰੈਲ 2016 ਤੋਂ ਸਤਬੰਰ 2016 ਤੱਕ 6 ਮਹੀਨੇ ਦੀ ਬਣਦੀ ਕਣਕ ਦਿੱਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਗਰੀਬ ਪਰਿਵਾਰਾਂ ਦਾ ਜੀਵਨ ਪੱਧਰ ਉੱਚਾ ਚੁਕੱਣ ਲਈ ਵੱਖ-ਵੱਖ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਸਮੇਂ ਸਿਰ ਰਾਸ਼ਨ ਦੀ ਵੰਡ ਕੀਤੀ ਜਾ ਰਹੀ ਹੈ।

ਨੰਗਲ ਸ਼ਹੀਦਾਂ ਦੇ ਸਰਪੰਚ ਜੋਗਾ ਸਿੰਘ ਨੇ ਤਿਕਸ਼ਨ ਸੂਦ ਵੱਲੋਂ ਪਿੰਡ ਦੇ ਗਰੀਬ ਪਰਿਵਾਰਾਂ ਨੂੰ ਕਣਕ ਦੀ ਵੰਡ ਕਰਨ ਤੇ ਉਹਨਾਂ ਦਾ ਧੰਨਵਾਦ ਕੀਤਾ। ਮਾਰਕੀਟ ਕਮੇਟੀ ਦੇ ਉਪ ਚੇਅਰਮੈਨ ਵਿਜੇ ਪਠਾਨੀਆਂ, ਦਿਹਾਤੀ ਮੰਡਲ ਪ੍ਰਧਾਨ ਰਾਜ ਕੁਮਾਰ, ਸਤੀਸ਼ ਬਾਵਾ, ਰਾਮ ਦੇਵ ਯਾਦਵ, ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਏ.ਐਫ.ਐਸ.ਓ ਸੰਜੀਵ ਕੁਮਾਰ, ਇਸਪੈਕਟਰ ਰਮਨਦੀਪ, ਸੁਖਦੇਵ ਸਿੰਘ, ਗੁਰਮੇਲ ਸਿੰਘ, ਹਰਵਿੰਦਰ ਸਿੰਘ, ਹਰਗੋਬਿੰਦ ਸਿੰਘ, ਪਰਮਜੀਤ ਸਿੰਘ ਅਤੇ ਪਿੰਡ ਵਾਸੀ ਅਤੇ ਨੀਲੇ ਕਾਰਡ ਧਾਰਕ ਲਾਭਪਾਤਰੀ ਵੱਡੀ ਗਿਣਤੀ ਵਿੱਚ ਇਸ ਮੋਕੇ ਤੇ ਹਾਜਰ ਸਨ।